ਪ੍ਰੈਸ ਨੋਟ ਨੰਬਰ 1

A/AGIGI/B@B@

ਸੂਚਨਾ ਤੇ ਜ਼ਿਲ੍ਹਾ ਲੋਕ ਸੰਪਰਕ ਦਫ਼ਤਰ, ਫਾਜ਼ਿਲਕਾ

ਕੋਵਿਡ 19

# ਜ਼ਿਲ੍ਹੇ ਦੇ ਹਰੇਕ ਨਾਗਰਿਕ ਨੂੰ ਬਾਹਰ ਨਿਕਲਣ ਸਮੇਂ ਮਾਸਕ ਪਾਉਣਾ ਹੋਵੇਗਾ ਲਾਜ਼ਮੀ

## *ਲੋਕਾਂ ਨੂੰ ਸਮਾਜਿਕ ਹਿੱਤਾਂ ਲਈ ਘਰਾਂ ਵਿੱਚ ਰਹਿਣ ਦੀ ਅਪੀਲ

ਫਾਜ਼ਿਲਕਾ, 1B ਅਪ੍ਰੈਲ

ਕੋਵਿਡ-19 ਦੀ ਰੋਕਥਾਮ ਲਈ ਕੀਤੇ ਜਾ ਰਹੇ ਵੱਖ-ਵੱਖ ਉਪਰਾਲਿਆਂ ਤਹਿਤ ਅਤੇ ਜਨਤਕ ਸੁਰੱਖਿਆ ਦੇ ਮੱਦੇਨਜ਼ਰ ਜ਼ਿਲ੍ਹਾ ਮੈਜਿਸਟ੍ਰੇਟ ਵੱਲੋਂ ਜ਼ਿਲ੍ਹੇ ਦੀ ਹੱਦ ਵਿਚ ਹਰ ਵਿਅਕਤੀ ਲਈ ਮਾਸਕ ਪਾਉਣਾ ਲਾਜ਼ਮੀ ਕਰ ਦਿੱਤਾ ਗਿਆ ਹੈ। ਜ਼ਿਲ੍ਹਾ ਮੈਜਿਸਟ੍ਰੇਟ ਸ. ਅਰਵਿੰਦ ਪਾਲ ਸਿੰਘ ਸੰਧੂ ਨੇ ਐਪੀਡੈਮਿਕ ਡਿਜ਼ੀਜ਼ ਐਕਟ 1897 ਤਹਿਤ ਆਦੇਸ਼ ਜਾਰੀ ਕਰਦਿਆਂ ਕਿਹਾ ਕਿ ਕੋਰੋਨਾ ਵਾਇਰਸ ਨੂੰ ਫ਼ੈਲਣ ਤੋਂ ਰੋਕਣ ਲਈ ਇਹ ਜ਼ਰੂਰੀ ਹੈ ਕਿ ਹਰ ਵਿਅਕਤੀ ਆਪਣੇ ਘਰ ਰਹੇ ਅਤੇ ਜੋ ਵਿਅਕਤੀ ਆਪਣੇ ਘਰ ਤੋਂ ਕਿਸੇ ਐਮਰਜੈਂਸੀ ਕਾਰਨ ਬਾਹਰ ਜਾਂਦਾ ਹੈ ਤਾਂ ਉਸ ਦਾ ਮਾਸਕ ਪਾਉਣਾ ਲਾਜ਼ਮੀ ਹੈ।

ਸ. ਸੰਧੂ ਨੇ ਕਿਹਾ ਕਿ ਹਰ ਵਿਅਕਤੀ ਲਈ ਕਿਸੇ ਜਨਤਕ ਸਥਾਨ, ਗਲੀਆਂ, ਹਸਪਤਾਲ, ਦਫ਼ਤਰ, ਮਾਰਕਿਟ, ਕਾਰਖਾਨੇ ਆਦਿ ਵਿਚ ਜਾਣ ਸਮੇਂ ਟ੍ਰਿਪਲ ਲੇਅਰ ਮਾਸਕ ਜਾਂ ਸੂਤੀ ਕੱਪੜੇ ਦਾ ਮਾਸਕ ਪਹਿਨਣਾ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਕਿਸੇ ਵੀ ਤਰ੍ਹਾਂ ਦੇ ਵਾਹਨ ਵਿਚ ਸਫ਼ਰ ਕਰਨ ਸਮੇਂ ਵੀ ਇਹ ਮਾਸਕ ਪਾਉਣਾ ਲਾਜ਼ਮੀ ਹੈ।

ਜ਼ਿਲ੍ਹਾ ਮੈਜਿਸਟ੍ਰੇਟ ਨੇ ਦਸਿਆ ਕਿ ਘਰ ਵਿਚ ਸੂਤੀ ਕੱਪੜੇ ਤੋਂ ਤਿਆਰ ਕੀਤਾ ਮਾਸਕ ਵੀ ਵਰਤਿਆ ਜਾ ਸਕਦਾ ਹੈ ਤੇ ਇਸ ਨੂੰ ਰੋਜ਼ਾਨਾ ਸਾਬਣ ਜਾਂ ਡਿਟਰਜੈਂਟ ਨਾਲ ਧੋ ਕੇ ਦੁਬਾਰਾ ਵਰਤਿਆ ਜਾ ਸਕਦਾ ਹੈ। ਉਨ੍ਹਾਂ ਕਿਹਾ ਕਿ ਜੇ ਤੁਹਾਡੇ ਕੋਲ ਮਾਸਕ ਨਹੀਂ ਹੈ ਤਾਂ ਤੁਸੀਂ ਦੂਹਰੀ ਕੀਤੀ ਰੁਮਾਲ, ਪਰਨਾ ਅਤੇ ਔਰਤਾਂ ਵਲੋਂ ਆਪਣੀ ਚੁੰਨੀ ਜਾਂ ਦੁਪੱਟਾ ਜੋ ਘੱਟੋ ਘੱਟ ਦੂਹਰੀ ਪਰਤ ਦਾ ਹੋਵੇ ਆਦਿ ਦੀ ਵੀ ਵਰਤੋਂ ਕੀਤੀ ਜਾ ਸਕਦੀ ਹੈ। ਉਨ੍ਹਾਂ ਅਪੀਲ ਕਰਦਿਆਂ ਕਿਹਾ ਕਿ ਲੋਕ ਆਪਣੇ ਤੇ ਸਮਾਜ ਦੇ ਹਿੱਤਾਂ ਦੀ ਸੁਰੱਖਿਆ ਲਈ ਕਿਸੇ ਐਮਰਜੈਂਸੀ ਤੋਂ ਇਲਾਵਾ ਆਪਣੇ ਘਰਾਂ ਤੋਂ ਬਾਹਰ ਨਾ ਨਿਕਲਣ ਅਤੇ ਜੇ ਬਾਹਰ ਜਾਣ ਦੀ ਲੋੜ ਪੈਂਦੀ ਹੈ ਤਾਂ ਮਾਸਕ ਜ਼ਰੂਰ ਪਹਿਨਣ।

ਪ੍ਰੈਸ ਨੋਟ ਨੰਬਰ 2

A/AGIH@/B@B@

ਸੂਚਨਾ ਤੇ ਜ਼ਿਲ੍ਹਾ ਲੋਕ ਸੰਪਰਕ ਦਫ਼ਤਰ, ਫ਼ਾਜਿਲਕਾ

**ਅਖਬਾਰਾਂ ਦੀ ਸਪਲਾਈ ਸਵੇਰੇ 6 ਵਜੇ ਤੋਂ ਸਵੇਰੇ 8 ਵਜੇ ਤੱਕ ਘਰਾਂ ਵਿੱਚ ਹੋਵੇਗੀ**

*** ਦੁੱਧ ਦੀ ਸਪਲਾਈ ਰੋਜ਼ਾਨਾ ਸਵੇਰੇ 6 ਵਜੇ ਤੋਂ ਸਵੇਰੇ 10 ਵਜੇ ਤੱਕ ਦੋਧੀਆਂ ਅਤੇ ਡੇਅਰੀ ਮਾਲਕਾਂ ਵੱਲੋਂ ਘਰਾਂ 'ਚ ਕੀਤੀ ਜਾਵੇਗੀ**

***ਕਰਿਆਣੇ ਦੀ ਵਿਕਰੀ ਸੋਮਵਾਰ, ਬੁੱਧਵਾਰ ਅਤੇ ਸ਼ੁਕਰਵਾਰ ਹੀ ਦੁਪਹਿਰ 12 ਵਜੇ ਤੋਂ ਸ਼ਾਮ 5 ਵਜੇ ਤੱਕ ਘਰ-ਘਰ ਜਾ ਕੇ ਕੀਤੀ ਜਾਵੇਗੀ**

*** ਐਤਵਾਰ ਨੂੰ ਮੰਡੀਆਂ ਬੰਦ ਰਹਿਣਗੀਆਂ-ਜ਼ਿਲ੍ਹਾ ਮੈਜਿਸਟਰੇਟ**

ਫ਼ਾਜ਼ਿਲਕਾ 1B ਅਪ੍ਰੈਲ

ਜ਼ਿਲ੍ਹਾ ਮੈਜਿਸਟਰੇਟ ਸ. ਅਰਵਿੰਦ ਪਾਲ ਸਿੰਘ ਸੰਧੂ ਨੇ ਸਰਕਾਰ ਵੱਲੋਂ ਜਾਰੀ ਆਦੇਸ਼ਾਂ ਦੀ ਪਾਲਣਾ ਕਰਦੇ ਹੋਏ ਜ਼ਿਲ੍ਹਾ ਫ਼ਾਜ਼ਿਲਕਾ ਵਿਚ ਤਾਲਾਬੰਦੀ ਅਤੇ ਕਰਫਿਊ ਦੌਰਾਨ ਰੋਜ਼ਾਨਾ ਵਰਤੋਂ ਵਿਚ ਆਉਣ ਵਾਲੀਆਂ ਸਹੂਲਤਾਂ ਮੁਹੱਈਆ ਕਰਵਾਉਣ ਲਈ ਹੁਕਮ ਜਾਰੀ ਕੀਤੇ ਹਨ। ਉਨ੍ਹਾਂ ਕਿਹਾ ਕਿ ਅਖਬਾਰਾਂ ਦੀ ਸਪਲਾਈ ਆਮ ਵਾਂਗ ਸਵੇਰੇ 6 ਵਜੇ ਤੋਂ ਸਵੇਰੇ 8 ਵਜੇ ਤੱਕ ਆਮ ਜਨਤਾ ਦੇ ਘਰ-ਘਰ ਜਾ ਕੇ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਦੁੱਧ ਦੀ ਸਪਲਾਈ ਰੋਜ਼ਾਨਾ ਸਵੇਰੇ 6 ਵਜੇ ਤੋਂ ਸਵੇਰੇ 10 ਵਜੇ ਤੱਕ ਦੋਧੀਆਂ ਅਤੇ ਡੇਅਰੀ ਮਾਲਕਾਂ ਵੱਲੋਂ ਆਮ ਜਨਤਾ ਦੇ ਘਰ-ਘਰ ਜਾ ਕੇ ਕੀਤੀ ਜਾਵੇਗੀ। ਦੁੱਧ ਚਿਲਿੰਗ/ਸੈਂਟਰਾਂ/ਦੁੱਧ ਸੈਂਟਰਾਂ ਵਿਚ ਸਟੋਰੇਜ ਕਰਨ ਸਬੰਧੀ ਵਰਤੇ ਜਾਣ ਵਾਲੇ ਵਹੀਕਲਾਂ ਦੀ ਆਵਾਜਾਈ ਆਮ ਵਾਂਗ ਹੋਵੇਗੀ ਅਤੇ ਇੰਨ੍ਹਾਂ ਸੰਸਥਾਵਾਂ 'ਤੇ ਕੰਮ ਲੋੜ ਅਨੁਸਾਰ ਚੱਲਦਾ ਰਹੇਗਾ। ਡਿਪਟੀ ਡਾਇਰੈਕਟਰ ਡੇਅਰੀ ਫ਼ਾਜ਼ਿਲਕਾ ਇਹ ਕਾਰਵਾਈ ਯਕੀਨੀ ਬਣਾਉਣਗੇ।

ਉਨ੍ਹਾਂ ਕਿਹਾ ਕਿ ਪਸ਼ੂਆਂ/ਗਊਸ਼ਾਲਾ ਵਿੱਚ ਚਾਰਾ ਮੁਹੱਈਆ ਕਰਵਾਉਣ ਲਈ ਚਾਰੇ ਦੀ ਸਪਲਾਈ ਰੋਜਾਨਾ ਸਵੇਰੇ 6 ਵਜੇ ਤੋਂ 10 ਵਜੇ ਤੱਕ ਆਮ ਜਨਤਾ/ਗਊਸ਼ਾਲਾ ਵਿਚ ਕੀਤੀ ਜਾਵੇਗੀ। ਚਾਰੇ ਲਈ ਵਰਤੋਂ ਵਿੱਚ ਆਉਣ ਵਾਲੇ ਵਹੀਕਲਾਂ ਦੀ ਆਵਾਜਾਈ ਵਿੱਚ ਕੋਈ ਰੋਕ ਟੋਕ ਨਹੀਂ ਹੋਵੇਗੀ। ਡਿਪਟੀ ਡਾਇਰੈਕਟਰ ਪਸ਼ੂ ਪਾਲਣ ਇਹ ਕਾਰਵਾਈ ਯਕੀਨੀ ਬਣਾਉਣਗੇ। ਉਨ੍ਹਾਂ ਕਿਹਾ ਕਿ ਸਟੇਟ ਹਾਈਵੇ/ਨੈਸ਼ਨਲ ਹਾਈਵੇ 'ਤੇ ਸਥਾਪਿਤ ਪੈਟਰੋਲ ਪੰਪ ਸਾਰਾ ਦਿਨ ਖੁੱਲ੍ਹੇ ਰੱਖੇ ਜਾ ਸਕਦੇ ਹਨ। ਇਸ ਤੋਂ ਇਲਾਵਾ ਬਾਕੀ ਪੈਟਰੋਲ ਪੰਪ ਜੋ ਸ਼ਹਿਰੀ ਅਤੇ ਪੇਂਡੂ ਖੇਤਰ ਵਿੱਚ ਹਨ, ਉਹ ਰੋਜਾਨਾ ਸਵੇਰੇ 7 ਵਜੇ ਤੋਂ ਦੁਪਹਿਰ 12 ਵਜੇ ਤੱਕ ਹੀ ਖੁੱਲ੍ਹੇ ਰਹਿਣਗੇ ਅਤੇ ਡੀ.ਐਫ.ਐਸ.ਸੀ. ਇਹ ਕਾਰਵਾਈ ਯਕੀਨੀ ਬਣਾਉਣਗੇ।

ਉਨ੍ਹਾਂ ਕਿਹਾ ਕਿ ਗੈਸ ਦੀ ਸਪਲਾਈ ਗੈਸ ਏਜੰਸੀਆਂ ਵੱਲੋਂ ਰੋਜ਼ਾਨਾ ਸਵੇਰੇ 12 ਵਜੇ ਤੋਂ ਸ਼ਾਮ 5 ਵਜੇ ਤੱਕ ਸਿਲੰਡਰ ਨੂੰ ਸੈਨੇਟਾਈਜ਼ ਕਰਕੇ ਆਮ ਵਾਂਗ ਜਨਤਾ ਦੇ ਘਰ-ਘਰ ਜਾ ਕੇ ਕੀਤੀ ਜਾਵੇਗੀ। ਗੈਸ ਸਪਲਾਈ

ਕਰਨ ਦੌਰਾਨ ਕੋਈ ਵੀ ਗੈਸ ਸਪਲਾਇਰ ਬੀੜੀ/ਸਿਗਰਟ ਆਦਿ ਦੀ ਵਰਤੋਂ ਨਹੀਂ ਕਰੇਗਾ। ਜ਼ਿਲ੍ਹਾ ਫੂਡ ਸਪਲਾਈ ਕੰਟਰੋਲਰ ਇਹ ਕਾਰਵਾਈ ਯਕੀਨੀ ਬਣਾਉਣਗੇ।

ਉਨ੍ਹਾਂ ਕਿਹਾ ਕਿ ਸਬਜੀ/ਫਲ ਦੀ ਵਿਕਰੀ ਰੋਜਾਨਾ ਸਵੇਰੇ 7 ਵਜੇ ਤੋਂ ਸਵੇਰੇ 10 ਵਜੇ ਤੱਕ ਆਮ ਜਨਤਾ ਦੇ ਘਰ-ਘਰ ਜਾ ਕੇ ਕੀਤੀ ਜਾਵੇਗੀ। ਇਸ ਦਰਮਿਆਨ ਸਟੋਰੇਜ ਦਾ ਕੰਮ ਵੀ ਮੁਕੰਮਲ ਕੀਤਾ ਜਾਵੇਗਾ। ਐਤਵਾਰ ਨੂੰ ਮੰਡੀਆਂ ਬੰਦ ਰਹਿਣਗੀਆਂ। ਸਬਜੀ/ਫਲ ਰੇਹੜੀਆਂ/ ਟੈਂਪੂਆਂ ਰਾਹੀਂ ਘਰਾਂ ਵਿੱਚ ਹੀ ਸਪਲਾਈ ਕੀਤੀ ਜਾਵੇਗੀ। ਜ਼ਿਲ੍ਹੇ ਦੇ ਸਬੰਧਤ ਸਕੱਤਰ ਮਾਰਕੀਟ ਕਮੇਟੀ ਇਹ ਯਕੀਨੀ ਬਣਾਉਣਗੇ ਕਿ ਸਬਜੀ ਮੰਡੀ ਵਿਚ ਆਮ ਜਨਤਾ ਨੂੰ ਸਬਜੀ/ ਫਲ ਦੀ ਵਿਕਰੀ ਨਹੀਂ ਕੀਤੀ ਜਾਵੇਗੀ।

ਉਨ੍ਹਾਂ ਕਿਹਾ ਕਿ ਕਰਿਆਨੇ ਦੀ ਵਿਕਰੀ ਸਬੰਧਤ ਦੁਕਾਨਦਾਰਾਂ ਵੱਲੋਂ ਹਫਤੇ ਦੌਰਾਨ ਸੋਮਵਾਰ, ਬੁੱਧਵਾਰ ਅਤੇ ਸ਼ੁਕਰਵਾਰ ਹੀ ਦੁਪਹਿਰ 12 ਵਜੇ ਤੋਂ ਸ਼ਾਮ 5 ਵਜੇ ਤੱਕ ਆਮ ਜਨਤਾ ਦੇ ਘਰ-ਘਰ ਜਾ ਕੇ ਕੀਤੀ ਜਾਵੇਗੀ। ਜ਼ਿਲ੍ਹਾ ਫੂਡ ਸਪਲਾਈ ਕੰਟਰੋਲਰ ਇਹ ਕਾਰਵਾਈ ਯਕੀਨੀ ਬਣਾਉਣਗੇ। ਉਨ੍ਹਾਂ ਕਿਹਾ ਕਿ ਸਬੰਧਤ ਦੁਕਾਨਦਾਰਾਂ ਵੱਲੋਂ ਆਮ ਜਨਤਾ ਲਈ ਦਵਾਈਆਂ ਦੀ ਸਪਲਾਈ ਹਰ ਰੋਜ਼ ਦੁਪਹਿਰ 2 ਵਜੇ ਤੋਂ ਲੈ ਕੇ ਸ਼ਾਮ 5 ਵਜੇ ਤੱਕ ਘਰ-ਘਰ ਜਾ ਕੇ ਕੀਤੀ ਜਾਵੇਗੀ, ਪਰ ਹਸਪਤਾਲ ਦੇ ਅੰਦਰ ਅਤੇ 10 ਮੀਟਰ ਦੇ ਘੇਰੇ ਵਿਚ ਦਵਾਈਆਂ ਦੀਆਂ ਦੁਕਾਨਾਂ ਖੁੱਲੀਆਂ ਰਹਿਣਗੀਆਂ। ਡਰੱਗ ਇੰਸਪੈਕਟਰ ਇਹ ਕਾਰਵਾਈ ਯਕੀਨੀ ਬਣਾਉਣਗੇ।

ਪ੍ਰੈਸ ਨੋਟ ਨੰਬਰ 3

A/AGIHA/B@B@

ਸੂਚਨਾ ਤੇ ਜ਼ਿਲ੍ਹਾ ਲੋਕ ਸੰਪਰਕ ਦਫ਼ਤਰ, ਫ਼ਾਜਿਲਕਾ

## ਲੈਬੋਰਟਰੀ ਵਾਲਿਆਂ ਵੱਲੋਂ ਆਮ ਜਨਤਾ ਦੇ ਸੈਂਪਲਾਂ ਦੀ ਪੜਤਾਲ ਰੋਜ਼ਾਨਾ ਸਵੇਰੇ 7 ਤੋਂ ਸਵੇਰੇ 9 ਵਜੇ ਤੱਕ ਘਰ-ਘਰ ਜਾ ਕੇ ਕੀਤੀ ਜਾਵੇਗੀ-ਸੰਧੂ

***ਮੈਡੀਕਲ ਕਲੀਨਿਕ ਹਰ ਰੋਜ਼ ਦੁਪਹਿਰ 2 ਵਜੇ ਤੋਂ ਸ਼ਾਮ 5 ਵਜੇ ਤੱਕ ਖੁੱਲ੍ਹੇ ਰਹਿਣਗੇ**

***ਸਾਰੇ ਬੈਂਕ ਸਵੇਰੇ 11 ਵਜੇ ਤੋਂ ਬਾਅਦ ਦੁਪਹਿਰ 2 ਵਜੇ ਤੱਕ ਖੁੱਲਣਗੇ**

***ਲੋਕਾਂ ਨੂੰ ਘਰਾਂ ਵਿਚ ਰਹਿ ਕੇ ਜ਼ਿਲ੍ਹਾ ਪ੍ਰਸ਼ਾਸਨ ਦਾ ਸਾਥ ਦੇਣ ਦੀ ਅਪੀਲ**

ਫ਼ਾਜ਼ਿਲਕਾ 1B ਅਪ੍ਰੈਲ

ਜ਼ਿਲ੍ਹਾ ਮੈਜਿਸਟਰੇਟ ਸ. ਅਰਵਿੰਦ ਪਾਲ ਸਿੰਘ ਸੰਧੂ ਨੇ ਸਰਕਾਰ ਵੱਲੋਂ ਜਾਰੀ ਆਦੇਸ਼ਾਂ ਦੀ ਪਾਲਣਾ ਕਰਦੇ ਹੋਏ ਜ਼ਿਲ੍ਹਾ ਫ਼ਾਜ਼ਿਲਕਾ ਵਿਚ ਤਾਲਾਬੰਦੀ ਅਤੇ ਕਰਫਿਊ ਦੌਰਾਨ ਰੋਜ਼ਾਨਾ ਵਰਤੋਂ ਵਿਚ ਆਉਣ ਵਾਲੀਆਂ ਸਹੂਲਤਾਂ ਮੁਹੱਈਆ ਕਰਵਾਉਣ ਲਈ ਹੁਕਮ ਜਾਰੀ ਕਰਦਿਆਂ ਦੱਸਿਆ ਕਿ ਸਬੰਧਤ ਲੈਬੋਰਟਰੀ ਵਾਲਿਆਂ ਵੱਲੋਂ ਲੋੜ ਅਨੁਸਾਰ ਆਮ ਜਨਤਾ ਦੇ ਸੈਂਪਲਾਂ ਦੀ ਪੜਤਾਲ ਹਰ ਰੋਜ਼ ਸਵੇਰੇ 7 ਵਜੇ ਤੋਂ ਸਵੇਰੇ 9

ਵਜੇ ਤੱਕ ਘਰ-ਘਰ ਜਾ ਕੇ ਕੀਤੀ ਜਾ ਸਕਦੀ ਹੈ। ਸਿਵਲ ਸਰਜਨ/ ਸਬੰਧਤ ਐਸ.ਐਮ.ਓ ਇਹ ਕਾਰਵਾਈ ਯਕੀਨੀ ਬਣਾਉਣਗੇ। ਉਨ੍ਹਾਂ ਸਬੰਧਤ ਮੈਡੀਕਲ ਕਲੀਨਿਕ ਹਰ ਰੋਜ਼ ਦੁਪਹਿਰ 2 ਵਜੇ ਤੋਂ ਸ਼ਾਮ 5 ਵਜੇ ਤੱਕ ਖੁੱਲ੍ਹੇ ਰਹਿਣਗੇ। ਇਸ ਸਮੇਂ ਦੌਰਾਨ ਸਬੰਧਤ ਕਲੀਨਿਕ ਦ ਡਾਕਟਰ ਮਰੀਜਾਂ ਨੂੰ ਚੈਕ ਕਰ ਸਕਦੇ ਹਨ। ਸਿਵਲ ਸਰਜਨ/ ਸਬੰਧਤ ਐਸ.ਐਮ.ਓ ਇਹ ਕਾਰਵਾਈ ਯਕੀਨੀ ਬਣਾਉਣਗੇ।

ਉਨ੍ਹਾਂ ਕਿਹਾ ਕਿ ਸਬੰਧਤ ਦੁਕਾਨਦਾਰ ਕੀਟਨਾਸ਼ਕ/ ਫਰਟੀਲਾਈਜਰ / ਬੀਜ ਆਦਿ ਦੀ ਸਪਲਾਈ ਹਰ ਰੋਜ਼ ਸਵੇਰੇ 10 ਵਜੇ ਤੋਂ ਦੁਪਹਿਰ 2 ਵਜੇ ਤੱਕ ਜਿੰਮੀਦਾਰਾਂ ਦੇ ਘਰ-ਘਰ ਜਾ ਕੇ ਹੀ ਕਰਨਗੇ। ਮੁੱਖ ਖੇਤੀਬਾੜੀ ਅ.ਫ਼ਸਰ ਇਹ ਕਾਰਵਾਈ ਯਕੀਨੀ ਬਣਾਉਣਗੇ। ਉਨ੍ਹਾਂ ਕਿਹਾ ਕਿ ਪਸ਼ੂਆਂ/ ਪੋਲਟਰੀ ਆਹਾਰ ਆਦਿ ਦੀ ਸਪਲਾਈ ਹਰ ਰੋਜ਼ ਬਾਅਦ ਦੁਪਹਿਰ 10 ਵਜੇ ਤੋਂ ਸ਼ਾਮ 2 ਵਜੇ ਤੱਕ ਘਰ-ਘਰ ਜਾ ਕੇ ਹੀ ਕਰਨਗੇ। ਡਿਪਟੀ ਡਾਇਰੈਕਟਰ ਪਸ਼ੂ ਪਾਲਣ ਇਹ ਕਾਰਵਾਈ ਯਕੀਨੀ ਬਣਾਉਣਗੇ। ਉਨ੍ਹਾਂ ਕਿਹਾ ਕਿ ਆਟਾ ਚੱਕੀਆਂ ਹਰ ਰੋਜ਼ ਦੁਪਹਿਰ 12 ਵਜੇ ਤੋਂ ਸ਼ਾਮ 5 ਵਜੇ ਤੱਕ ਖੁੱਲ੍ਹੀਆਂ ਰਹਿਣਗੀਆਂ, ਪਰ ਆਟਾ ਚੱਕੀਆਂ ਦੇ ਮਾਲਕ ਆਮ ਜਨਤਾ ਦੇ ਘਰ ਤੋਂ ਕਣਕ ਲੈ ਕੇ ਉਸ ਦੀ ਸਪਲਾਈ ਕਰਨ ਉਪਰੰਤ ਘਰਾਂ ਵਿੱਚ ਹੀ ਆਟੇ ਦੀ ਸਪਲਾਈ ਕਰਨਗੇ। ਅਗਰ ਆਟਾ ਚੱਕੀਆਂ ਦੇ ਮਾਲਕ ਵੱਲੋਂ ਕਣਕ ਦੀ ਪਿਸਾਈ ਕੀਤੀ ਜਾਣੀ ਬਕਾਇਆ ਹੋਵੇਗੀ ਤਾਂ ਉਹ ਆਪਣਾ ਸ਼ਟਰ ਬੰਦ ਕਰਕੇ ਕਣਕ ਦੀ ਪਿਸਾਈ ਕਰ ਸਕਦੇ ਹਨ। ਜ਼ਿਲ੍ਹਾ ਫੂਡ ਸਪਲਾਈ ਕੰਟਰੋਲਰ ਇਹ ਕਾਰਵਾਈ ਯਕੀਨੀ ਬਣਾਉਣਗੇ।

ਉਨ੍ਹਾਂ ਕਿਹਾ ਕਿ ਜ਼ਿਲ੍ਹਾ ਫ਼ਾਜ਼ਿਲਕਾ ਵਿਚ ਸਥਾਪਿਤ ਸਾਰੇ ਬੈਂਕ ਸਵੇਰੇ 11 ਵਜੇ ਤੋਂ ਬਾਅਦ ਦੁਪਹਿਰ 2 ਵਜੇ ਤੱਕ ਖੁੱਲਣਗੇ। ਇਸ ਸਮੇਂ ਦੌਰਾਨ ਏ.ਟੀ.ਐਮਜ ਵੀ ਖੁੱਲ੍ਹੇ ਰਹਿਣਗੇ। ਸਾਰੇ ਬੈਂਕਾਂ ਦੇ ਕਰਮਚਾਰੀ ਬੈਂਕ ਵਿਚ ਉਪਰੋਕਤ ਸਮੇਂ ਦੌਰਾਨ ਹਾਜਰ ਰਹਿਣਗੇ ਅਤੇ ਸਾਰੇ ਬੈਂਕ ਆਪਣੇ ਬੈਂਕਾਂ ਵਿਚ ਕੈਸ਼ ਕਾਊਟਰ ਲੋੜ ਅਨੁਸਾਰ ਵਧਾਉਣਗੇ। ਬਿਜਨਸ ਕੋਰਸਪੋਡੈਂਟਸ ਅਤੇ ਗ੍ਰਾਹਕ ਸੇਵਾ ਕੇਂਦਰ ਸਵੇਰੇ 10 ਵਜੇ ਤੋਂ ਸ਼ਾਮ 5 ਵਜੇ ਤੱਕ ਆਪਣਾ ਕੰਮ ਕਰਨਗੇ। ਬੈਂਕ ਦੇ ਅਧਿਕਾਰੀਆਂ/ਕਰਮਚਾਰੀਆਂ ਦਾ ਸ਼ਨਾਖਤੀ ਕਾਰਡ ਹੀ ਉਨ੍ਹਾਂ ਦਾ ਕਰਫਿਊ ਪਾਸ ਹੋਵੇਗਾ। ਜ਼ਿਲ੍ਹਾ ਫ਼ਾਜਿਲਕਾ ਦੇ ਸਾਰੇ ਬੈਂਕ ਅਤੇ ਏ.ਟੀ.ਐਮਜ ਸਬੰਧੀ ਲੋੜੀਂਦੀ ਸੁਰੱਖਿਆ ਪੁਲਿਸ ਵਿਭਾਗ ਵੱਲੋਂ ਮੁਹੱਈਆ ਕਰਵਾਈ ਜਾਵੇਗੀ। ਲੀਡ ਬੈਂਕ ਮੈਨੇਜਰ ਫ਼ਾਜ਼ਿਲਕਾ ਇਹ ਕਾਰਵਾਈ ਯਕੀਨੀ ਬਣਾਉਣਗੇ।

ਉਨ੍ਹਾਂ ਕਿਹਾ ਜ਼ਿਲ੍ਹਾ ਫ਼ਾਜਿਲਕਾ ਵਿਚ ਸਥਾਪਿਤ ਸਾਰੇ ਡਾਕਘਰ ਸਵੇਰੇ 11 ਵਜੇ ਤੋਂ ਦੁਪਹਿਰ 2 ਵਜੇ ਤੱਕ ਖੁੱਲ੍ਹੇ ਰਹਿਣਗੇ। ਡਾਕਘਰ ਦੇ ਏਜੰਟ, ਡਾਕ ਘਰ ਦੀਆਂ ਸੇਵਾਵਾਂ ਆਮ ਜਨਤਾ ਨੂੰ ਘਰ-ਘਰ ਮੁਹੱਈਆ ਕਰਵਾਉਣਾ ਯਕੀਨੀ ਬਣਾਉਣਗੇ। ਪੋਸਟ ਮਾਸਟਰ ਫਿਰੋਜਪੁਰ ਇਹ ਕਾਰਵਾਈ ਯਕੀਨੀ ਬਣਾਉਣਗੇ। ਇੰਸੋਰੈਂਸ ਕੰਪਨੀਆਂ ਅਤੇ ਕੋਰੀਅਰ ਸਰਵਿਸ ਮੁਹੱਈਆ ਕਰਵਾਉਣ ਵਾਲੀਆਂ ਕੰਪਨੀਆਂ ਸਵੇਰੇ 11 ਵਜੇ ਤੋਂ ਦੁਪਹਿਰ 2 ਵਜੇ ਤੱਕ ਖੁੱਲੀਆਂ ਰਹਿਣਗੀਆਂ। ਉਨ੍ਹਾਂ ਕਿਹਾ ਕਿ ਪੀਣ ਵਾਲੇ ਪਾਣੀ ਦੀ ਸਪਲਾਈ ਬੋਤਲਾਂ/ ਕੈਨੀਆਂ / ਵਾਟਰ ਕੂਲਰਾਂ ਰਾਹੀਂ ਹਰ ਰੋਜ਼ ਬਾਅਦ ਦੁਪਹਿਰ 2 ਵਜੇ ਤੋਂ ਸ਼ਾਮ 5 ਵਜੇ ਤੱਕ ਆਮ ਜਨਤਾ ਦੇ ਘਰ-ਘਰ ਜਾ ਕੇ ਕੀਤੀ ਜਾਵੇਗੀ ਅਤੇ ਜ਼ਿਲ੍ਹੇ ਵਿਚ ਵਾਟਰ ਵਰਕਸਾਂ ਰਾਹੀਂ ਆਮ ਜਨਤਾ ਲਈ ਪੀਣ ਵਾਲੇ ਪਾਣੀ ਦੀ ਸਪਲਾਈ ਚਾਲੂ ਰੱਖੀ ਜਾਵੇਗੀ। ਸਬੰਧਤ ਕਾਰਜਕਾਰੀ ਇੰਜੀਨੀਅਰ ਪਬਲਿਕ ਹੈਲਥ ਇਹ ਕਾਰਵਾਈ ਯਕੀਨੀ ਬਣਾਉਣਗੇ।

ਪ੍ਰੈਸ ਨੋਟ ਨੰਬਰ -D

A/AGIHB/B@B@

ਸੂਚਨਾ ਤੇ ਜ਼ਿਲ੍ਹਾ ਲੋਕ ਸੰਪਰਕ ਦਫ਼ਤਰ, ਫ਼ਾਜਿਲਕਾ

# ਖੇਤਾਂ ਵਿੱਚ ਕੰਬਾਇਨਾਂ ਸਵੇਰੇ 6 ਵਜੇ ਤੋਂ ਸ਼ਾਮ 7 ਵਜੇ ਤੱਕ ਹੀ ਚਲਣਗੀਆਂ

## * ਕਿੰਨੂਆਂ ਨੂੰ ਵੈਕਸਿੰਗ/ ਕੋਲਡ ਸਟੋਰ ਵਿਚ ਜਮ੍ਹਾਂ ਕਰਵਾਉਣ ਲਈ ਰੋਜ਼ਾਨਾ ਸਵੇਰੇ 6 ਵਜੇ ਤੋਂ ਸ਼ਾਮ 7 ਵਜੇ ਤੱਕ ਦਾ ਸਮਾਂ ਨਿਸ਼ਚਿਤ

*** ਫੈਕਟਰੀ ਮਾਲਕ ਮਜਦੂਰਾਂ ਦੇ ਰਹਿਣ ਦਾ ਪ੍ਰਬੰਧ ਫੈਕਟਰੀ ਵਿਚ ਕਰਨਾ ਯਕੀਨੀ ਬਣਾਉਣਗੇ**

ਫ਼ਾਜ਼ਿਲਕਾ 1B ਅਪ੍ਰੈਲ

ਜ਼ਿਲ੍ਹਾ ਮੈਜਿਸਟਰੇਟ ਸ. ਅਰਵਿੰਦ ਪਾਲ ਸਿੰਘ ਸੰਧੂ ਨੇ ਪੰਜਾਬ ਸਰਕਾਰ ਵੱਲੋਂ ਜਾਰੀ ਆਦੇਸ਼ਾਂ ਦੀ ਪਾਲਣਾ ਕਰਦੇ ਹੋਏ ਜ਼ਿਲ੍ਹਾ ਫ਼ਾਜ਼ਿਲਕਾ ਵਿਚ ਤਾਲਾਬੰਦੀ ਅਤੇ ਕਰਫਿਊ ਦੌਰਾਨ ਰੋਜ਼ਾਨਾ ਵਰਤੋਂ ਵਿਚ ਆਉਣ ਵਾਲੀਆਂ ਸਹੂਲਤਾਂ ਮੁਹੱਈਆ ਕਰਵਾਉਣ ਲਈ ਹੁਕਮ ਜਾਰੀ ਕਰਦਿਆਂ ਜ਼ਿਲ੍ਹਾ ਫ਼ਾਜਿਲਕਾ ਵਿਚ ਸਥਾਪਿਤ ਪ੍ਰਿੰਟਿੰਗ ਪ੍ਰੈਸਾਂ ਵਿਚ ਖੇਤੀਬਾੜੀ ਨਾਲ ਸਬੰਧੀ ਫਾਰਮ ਜੇ. ਅਤੇ ਰਸੀਦਾਂ ਦੀ ਛਪਾਈ ਹਰ ਰੋਜ ਸਵੇਰੇ 10 ਵਜੇ ਤੋਂ ਸ਼ਾਮ 5 ਵਜੇ ਤੱਕ ਕੀਤੀ ਜਾਵੇਗੀ, ਅਗਰ ਕਿਸੇ ਪ੍ਰਿੰਟਿੰਗ ਪ੍ਰੈਸ ਦਾ ਕੰਮ ਵੱਧ ਹੋਵੇਗਾ ਤਾਂ ਉਹ ਆਪਣੀ ਦੁਕਾਨ ਦਾ ਸ਼ਟਰ ਬੰਦ ਕਰਕੇ ਪੂਰਾ ਸਕਦਾ ਹੈ। ਉਨ੍ਹਾਂ ਕਿਹਾ ਕਿ ਹਾੜ੍ਹੀ ਦੀ ਫਸਲ ਦੀ ਕਟਾਈ ਅਤੇ ਸਾਉਣੀ ਦੀ ਫਸਲ ਦੀ ਬਿਜਾਈ ਦੇ ਮੰਤਵ ਲਈ ਕਿਸਾਨ ਆਪਣੇ ਖੇਤਾਂ ਵਿੱਚ ਸਵੇਰੇ 6 ਵਜੇ ਤੋਂ ਸਵੇਰੇ 9 ਵਜੇ ਤੱਕ ਜਾਣਗੇ ਅਤੇ ਸ਼ਾਮ 7 ਵਜੇ ਤੋਂ ਰਾਤ 8 ਵਜੇ ਤੱਕ ਵਾਪਸ ਆਉਣਗੇ। ਕਿਸਾਨ ਸਵੇਰੇ 9 ਵਜੇ ਤੋਂ ਸ਼ਾਮ 7 ਵਜੇ ਤੱਕ ਆਪਣੇ ਖੇਤਾਂ ਵਿਚ ਰਹਿ ਕੇ ਆਪਣੀ ਖਤੀ ਨਾਲ ਸਬੰਧਤ ਕਾਰਜ ਕਰਨਗੇ। ਜਿੰਨ੍ਹਾਂ ਕਿਸਾਨਾਂ ਦੀ ਨਹਿਰੀ ਪਾਣੀ ਦੀ ਵਾਰੀ ਹੋਵੇਗੀ, ਉਨ੍ਹਾਂ ਨੂੰ ਆਪਣੇ ਖੇਤਾਂ ਵਿੱਚ ਪਾਣੀ ਲਾਉਣ ਸੰਬੰਧੀ ਕੋਈ ਰੁਕਾਵਟ ਨਹੀਂ ਹੋਵੇਗੀ, ਪਰ ਉਹ ਵੀ ਆਪਣੇ ਖੇਤ ਆਉਣ-ਜਾਣ ਵਾਸਤੇ ਉਪਰੋਕਤ ਦਿੱਤੇ ਸਮੇਂ ਦੇ ਪਾਬੰਦ ਹੋਣਗੇ। ਖੇਤਾਂ ਵਿੱਚ ਕੰਬਾਇਨਾਂ ਸਵੇਰੇ 6 ਵਜੇ ਤੋਂ ਸ਼ਾਮ 7 ਵਜੇ ਤੱਕ ਹੀ ਚਲਣਗੀਆਂ ਅਤੇ ਸਬੰਧਤ ਮਸ਼ੀਨਰੀ ਨਾਲ ਕੰਮ ਕਰਨ ਵਾਲੇ ਕਾਮੇ ਸਮਾਜਿਕ ਦੂਰੀ ਬਣਾਈ ਰੱਖਣਗੇ।

ਉਨ੍ਹਾਂ ਕਿਹਾ ਕਿ ਜ਼ਿਲ੍ਹਾ ਫ਼ਾਜਿਲਕਾ ਵਿਚ ਪਹਿਲਾਂ ਹੀ ਕਿੰਨੂ ਦੀ ਉਪਜ ਨੂੰ ਦੇਖਦੇ ਹੋਏ, ਕਿੰਨੂ ਦੀ ਸੰਭਾਲ ਲਈ ਕਿੰਨੂਆਂ ਨੂੰ ਵੈਕਸਿੰਗ/ ਕੋਲਡ ਸਟੋਰ ਵਿਚ ਜਮ੍ਹਾਂ ਕਰਵਾਉਣ ਲਈ ਰੋਜ਼ਾਨਾ ਸਵੇਰੇ 6 ਵਜੇ ਤੋਂ ਸ਼ਾਮ 7 ਵਜੇ ਤੱਕ ਦਾ ਸਮਾਂ ਨਿਸ਼ਚਿਤ ਕੀਤਾ ਜਾਂਦਾ ਹੈ। ਕਿੰਨੂ ਵੈਕਸਿੰਗ/ਸਟੋਰੇਜ ਅਤੇ ਵਿਕਰੀ ਲਈ ਆਵਾਜਾਈ ਦਾ ਹਰ ਤਰ੍ਹਾਂ ਦਾ ਸਮੁੱਚੇ ਤੌਰ 'ਤੇ ਖਿਆਲ ਡਿਪਟੀ ਡਾਇਰੈਕਟਰ ਬਾਗਬਾਨੀ, ਅਬੋਹਰ ਅਤੇ ਸ੍ਰੀ ਰਨਵੀਰ ਸਿੰਘ ਜਨਰਲ ਮੈਨੇਜਰ ਪੰਜਾਬ ਐਗਰੋ ਚੰਡੀਗੜ੍ਹ ਰੱਖਣਗੇ ਤਾਂ ਜੋ ਕਿਸੇ ਵੀ ਬਾਗ ਮਾਲਕ/ ਜਿੰਮੀਦਾਰਾਂ ਨੂੰ ਕੋਈ ਮੁਸ਼ਕਲ ਨਾ ਆਵੇ ਅਤੇ ਨਾ ਹੀ ਬਾਗ ਮਾਲਕ/ ਜਿੰਮੀਦਾਰ ਦੀ ਕਿੰਨੂ ਦੀ ਫਸਲ ਦਾ ਨੁਕਸਾਨ ਹੋਵੇ। ਇਹ ਦੋਨੋ ਅਧਿਕਾਰੀ ਇਹ ਵੀ ਯਕੀਨੀ ਬਣਾਉਣਗੇ ਕਿ ਅਗਰ ਕਿੰਨੂ ਦੀ ਆਵਾਜਾਈ ਵਿਚ

ਬਾਹਰਲੇ ਰਾਜਾਂ/ਜ਼ਿਲ੍ਹੇ ਵਿਚ ਦਿੱਕਤ ਪੇਸ਼ ਆਵੇ ਤਾਂ ਸਬੰਧਤ ਅਧਿਕਾਰੀ ਉਨ੍ਹਾਂ ਨਾਲ ਬਿਨਾਂ ਕਿਸੇ ਦੇਰੀ ਸੰਪਰਕ ਕਰ ਸਕਦਾ ਹੈ।

ਉਨ੍ਹਾਂ ਕਿਹਾ ਕਿ ਜ਼ਿਲ੍ਹਾ ਫ਼ਾਜ਼ਿਲਕਾ ਵਿਚ ਸਥਾਪਿਤ ਕਾਟਨ ਫੈਕਟਰੀਆਂ ਵਿਚ ਜੋ ਮਜਦੂਰਾਂ ਤੋਂ ਕੰਮ ਸਬੰਧਤ ਕੰਪਨੀ ਦੇ ਮਾਲਕ ਵੱਲੋਂ ਲਿਆ ਜਾਵੇਗਾ, ਉਨ੍ਹਾਂ ਦੇ ਰਹਿਣ ਦਾ ਪ੍ਰਬੰਧ ਫੈਕਟਰੀ ਵਿਚ ਹੀ ਕੀਤਾ ਜਾਣਾ ਯਕੀਨੀ ਬਣਾਇਆ ਜਾਵੇ। ਫੈਕਟਰੀ ਵਿਚ ਕਿਸੇ ਵੀ ਤਰ੍ਹਾਂ ਦੇ ਕੰਮ ਕਰਨ ਵਾਲੇ ਮਜਦੂਰਾਂ ਨੂੰ ਆਪਣੇ ਘਰ ਜਾਣ ਦੀ ਆਗਿਆ ਨਹੀਂ ਹੋਵੇਗੀ ਅਤੇ ਕਾਟਨ ਫੈਕਟਰੀ ਵਿਚ ਪ੍ਰੋਸੈਸਿੰਗ/ ਬੇਲੋੜੀ ਕਪਾਹ ਦੀ ਫੈਕਟਰੀ ਤੋਂ ਗੋਦਾਮ ਅਤੇ ਕਾਟਨ ਸੀਡ ਫੈਕਟਰੀ ਤੋਂ ਆਇਲ ਮਿੱਲ ਤੱਕ ਢੋਆ-ਢੁਆਈ ਦੀ ਢਿੱਲ ਦਿੱਤੀ ਜਾਂਦੀ ਹੈ। ਇਸ ਦੇ ਨਾਲ ਹੀ ਸੀ.ਸੀ. ਆਈ ਵੱਲੋਂ ਕਿਸਾਨਾਂ ਨੂੰ ਅਦਾਇਗੀ ਕਰਨ ਲਈ ਫ਼ਾਜ਼ਿਲਕਾ ਜ਼ਿਲ੍ਹੇ ਵਿੱਚ ਦਫ਼ਤਰ ਖੋਲ੍ਹਣ ਦੀ ਵੀ ਢਿੱਲ ਦਿੱਤੀ ਜਾਂਦੀ ਹੈ। ਬਰਾਂਚ ਮੈਨੇਜਰ ਇਹ ਕਾਰਵਾਈ ਯਕੀਨੀ ਬਣਾਉਣਗੇ ਕਿ ਉਹ ਆਪਣੇ ਦਫ਼ਤਰ ਅਤੇ ਕਾਟਨ ਫੈਕਟਰੀ ਵਿਚ ਕੋਵਿਡ 19 ਤਹਿਤ ਜਾਰੀ ਕੀਤੇ ਗਏ ਆਦੇਸ਼ਾਂ ਦੀ ਇੰਨ ਬਿੰਨ ਪਾਲਣਾ ਕਰਨਗੇ। ਜਨਰਲ ਮੈਨੇਜਰ ਇੰਡਸਟਰੀ ਇਹ ਕਾਰਵਾਈ ਯਕੀਨੀ ਬਣਾਉਣਗੇ।

ਉਨ੍ਹਾਂ ਕਿਹਾ ਕਿ ਜੋ ਵੀ ਵਸਤੂਆਂ/ ਸੇਵਾਵਾਂ ਵੱਖ-ਵੱਖ ਅਦਾਰਿਆਂ ਵੱਲੋਂ ਆਮ ਜਨਤਾ ਨੂੰ ਮੁਹੇਈਆ ਕਰਵਾਈਆਂ ਜਾਣਗੀਆਂ, ਸਬੰਧਤ ਅਧਿਕਾਰੀ ਇਸ ਗੱਲ ਨੂੰ ਯਕੀਨੀ ਬਣਾਉਣਗੇ ਕਿ ਆਮ ਵਰਤੋਂ ਵਿਚ ਆਮ ਜਨਤਾ ਵੱਲੋਂ ਵਰਤੀਆਂ ਜਾਣ ਵਾਲੀਆਂ ਵਸਤੂਆਂ ਉਨ੍ਹਾਂ ਨੂੰ ਨਿਰਧਾਰਤ ਸਮੇਂ/ਨਿਰਧਾਰਤ ਮੁੱਲ ਅਧੀਨ ਹੀ ਓਨ੍ਹਾਂ ਦੇ ਘਰਾਂ ਵਿੱਚ ਮੁਹੱਈਆ ਹੋ ਸਕਣ। ਉਨ੍ਹਾਂ ਕਿਹਾ ਕਿ ਜ਼ਰੂਰੀ ਸੇਵਾਵਾਂ ਲਈ ਵਰਤੇ ਜਾਣ ਵਾਲੇ ਸਾਰੇ ਵਹੀਕਲਾਂ ਨੂੰ ਆਉਣ/ਜਾਣ ਲਈ ਕਰਫਿਓ ਪਾਸ ਦੀ ਜ਼ਰੂਰਤ ਨਹੀਂ ਹੋਵੇਗੀ।

ਇਸ ਤੋਂ ਇਲਾਵਾ ਇਨ੍ਹਾਂ ਅਦਾਰਿਆਂ ਦੇ ਅਧਿਕਾਰੀ ਇਹ ਵੀ ਯਕੀਨੀ ਬਣਾਉਣਗੇ ਕਿ ਇਹ ਵਸਤੂਆਂ ਨਿਰਧਾਰਤ ਸਮੇਂ ਅਧੀਨ ਜਿਨ੍ਹਾਂ ਸੇਲਜਮੈਨਾਂ/ਦੁਕਾਨਦਾਰਾਂ ਵੱਲੋਂ ਆਮ ਜਨਤਾ ਨੂੰ ਉਨ੍ਹਾਂ ਦੇ ਘਰਾਂ ਵਿੱਚ ਪਹੁੰਚਾਈਆਂ ਜਾਣਗੀਆਂ, ਉਹ ਕੋਵਿਡ 19 ਤਹਿਤ ਸਮੇਂ-ਸਮੇਂ ਜਾਰੀ ਸਰਕਾਰ ਵੱਲੋਂ ਹਦਾਇਤਾਂ ਦੀ ਪਾਲਣਾ ਕਰਦੇ ਹੋਏ ਹੱਥਾਂ ਵਿੱਚ ਦਸਤਾਨੇ/ ਮੂੰਹ ਤੇ ਮਾਸਕ/ਸੈਨੇਟਾਈਜ਼ਰ ਦੀ ਵਰਤੋਂ ਕਰਦੇ ਹੋਏ ਸਮਾਜਿਕ ਦੂਰੀ ਕਾਇਮ ਰੱਖਦੇ ਹੋਏ ਮੁਹੱਈਆ ਕਰਵਾਉਣਗੇ ਤਾਂ ਜੋ ਆਮ ਜਨਤਾ ਨੂੰ ਘਰਾਂ ਤੋਂ ਬਾਹਰ ਆਉਣ ਤੋਂ ਰੋਕਿਆ ਜਾਵੇ ਅਤੇ ਕੋਰੋਨਾ ਮਹਾਂਮਾਰੀ ਦੇ ਪ੍ਰਕੋਪ ਨੂੰ ਠੱਲ੍ਹ ਪਾਈ ਜਾ ਸਕੇ।

ਪ੍ਰੈਸ ਨੋਟ ਨੰਬਰ-E

A/AH@@B/B@B@

ਸੂਚਨਾ ਤੇ ਜਿਲ੍ਹਾ ਲੋਕ ਸੰਪਰਕ ਦਫ਼ਤਰ, ਫਾਜ਼ਿਲਕਾ

# ਡਿਪਟੀ ਕਮਿਸ਼ਨਰ ਨੇ ਕਣਕ ਦੇ ਖਰੀਦ ਪ੍ਰਬੰਧਾਂ ਦੀ ਮੀਟਿੰਗ ਦੌਰਾਨ ਖੁੱਲੇ 'ਚ ਟੈਂਟ ਲਗਾ ਕੇ ਸਾਮਾਜਿਕ ਦੂਰੀ ਬਣਾਈ ਰੱਖਣ ਦੀ ਮਿਸਾਲ ਪੇਸ਼ ਕੀਤੀ

## *16 ਅਪ੍ਰੈਲ ਤੋਂ ਸ਼ੁਰੂ ਹੋਣ ਵਾਲੇ ਕਣਕ ਦੇ ਖਰੀਦ ਪ੍ਰਬੰਧਾਂ ਬਾਰੇ ਅਧਿਕਾਰੀਆਂ ਨੂੰ ਆਦੇਸ਼ ਜਾਰੀ

## *ਕਿਸਾਨਾਂ ਨੂੰ ਕਣਕ ਦੀ ਖਰੀਦ ਜਾਂ ਅਦਾਇਗੀ 'ਚ ਨਹੀ ਆਉਣ ਦਿੱਤੀ ਜਾਵੇਗੀ ਕੋਈ ਦਿੱਕਤ-ਸੰਧੂ

### *ਕਣਕ ਦੇ ਸੀਜ਼ਨ ਦੌਰਾਨ ਕੋਰੋਨਾਂ ਨੂੰ ਹਰਾਉਣ ਲਈ ਆਪਸੀ ਦੂਰੀ ਬਣਾ ਕੇ ਰੱਖਣ ਕਿਸਾਨ

ਫਾਜ਼ਿਲਕਾ , 12 ਅਪ੍ਰੈਲ :

ਕੋਰੋਨਾ ਵਾਇਰਸ ਦੀ ਨਾਮੁਰਾਦ ਬਿਮਾਰੀ ਤੋਂ ਹਰੇਕ ਜ਼ਿਲ੍ਹਾ ਵਾਸੀ ਨੂੰ ਸੁਰੱਖਿਅਤ ਰੱਖਣ ਅਤੇ ਜ਼ਿਲ੍ਹੇ ਪੱਧਰ 'ਤੇ 16 ਅਪ੍ਰੈਲ ਤੋਂ ਸ਼ੁਰੂ ਹੋਣ ਵਾਲੇ ਕਣਕ ਦੇ ਸੀਜ਼ਨ ਨੂੰ ਸੁਚੱਜੇ ਢੰਗ ਨਾਲ ਨੇਪਰੇ ਚੜਾਉਣ ਲਈ ਅੱਜ ਡਿਪਟੀ ਕਮਿਸ਼ਨਰ ਸ੍ਰੀ ਅਰਵਿੰਦ ਪਾਲ ਸਿੰਘ ਸੰਧੂ ਨੇ ਵੱਖ ਵੱਖ ਖਰੀਦ ਏਜੰਸੀਆਂ ਅਤੇ ਖਰੀਦ ਪ੍ਰਬੰਧਾਂ ਨਾਲ ਜੁੜੇ ਹੋਰ ਚੋਣਵੇਂ ਅਧਿਕਾਰੀਆਂ ਨਾਲ ਕੈਂਪ ਆਫ਼ਿਸ ਦੇ ਬਾਹਰ ਖੁੱਲੇ 'ਚ ਟੈਂਟ ਲਗਾ ਕੇ ਸਾਮਾਜਿਕ ਦੂਰੀ ਬਣਾ ਕੇ ਰਖਣ ਦੀ ਮਿਸਾਲ ਪੇਸ਼ ਕਰਦਿਆਂ ਅਹਿਮ ਮੀਟਿੰਗ ਕੀਤੀ।

ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਸ੍ਰੀ ਸੰਧੂ ਨੇ ਸਮੁੱਚੇ ਖਰੀਦ ਪ੍ਰਬੰਧਾਂ ਨੂੰ ਰਾਜ ਸਰਕਾਰ ਦੀਆਂ ਹਦਾਇਤਾਂ ਮੁਤਾਬਿਕ ਨੇਪਰੇ ਚੜਾਉਣ ਲਈ ਰਹਿੰਦੇ ਪ੍ਰਬੰਧਾਂ ਨੂੰ ਤੁਰੰਤ ਮੁਕੰਮਲ ਕਰਨ ਦੇ ਆਦੇਸ਼ ਜਾਰੀ ਕੀਤੇ। ਉਨ੍ਹਾਂ ਜ਼ਿਲ੍ਹਾ ਮੰਡੀ ਅਫ਼ਸਰ ਅਤੇ ਹੋਰਨਾਂ ਸਬੰਧਤ ਅਧਿਕਾਰੀਆਂ ਨ ਮੰਡੀਆਂ ਅੰਦਰ ਆਪਣੀ ਜਿਣਸ ਲੈ ਕੇ ਆਏ ਕਿਸਾਨਾਂ, ਜਿੰਮੀਦਾਰਾਂ ਅਤੇ ਲੇਬਰ ਨੂੰ ਸਾਮਾਜਿਕ ਦੂਰੀ ਬਣਾਈ ਰੱਖਣ ਲਈ ਪ੍ਰੇਰਿਤ ਕਰਨ ਦੇ ਆਦੇਸ਼ ਜਾਰੀ ਕੀਤੇ। ਉਨ੍ਹਾਂ ਕਿਹਾ ਕਿ ਕੋਰੋਨਾ ਦੇ ਪ੍ਰਕੋਪ ਤੋਂ ਬਚਣ ਲਈ ਸ਼ੋਸਲ ਡਿਸਟੈਂਸ ਬਾਰੇ ਜਾਗਰੂਕਤਾ ਬੈਨਰ ਹਰੇਕ ਮੰਡੀ ਅੰਦਰ ਆਲੇ ਦੁਆਲੇ ਲਗਾਉਣੇ ਯਕੀਨੀ ਬਣਾਏ ਜਾਣ। ਉਨਾਂ ਖੇਤੀਬਾੜੀ ਵਿਭਾਗ ਅਤੇ ਜ਼ਿਲ੍ਹਾ ਵਿਕਾਸ ਅਤੇ ਪੰਚਾਇਤ ਅਫ਼ਸਰ ਕਿਹਾ ਕਿ ਹੋ ਸਕੇ ਤਾਂ ਕਿਸਾਨਾਂ ਦੇ ਘਰਾਂ ਤੋਂ ਜਿਣਸ ਚੁੱਕਣ ਲਈ ਆੜ੍ਹਤੀਆਂ ਨੂੰ ਉਤਸ਼ਾਹਿਤ ਕੀਤਾ ਜਾਵੇ।

ਸ. ਸੰਧੂ ਨੇ ਸਮੂਹ ਐਸ.ਡੀ.ਐਮਜ਼ ਕਿਹਾ ਕਿ ਜ਼ਿਲੇ ਅੰਦਰ ਸਥਾਪਤ 117 ਖਰੀਦ ਕੇਂਦਰਾਂ 'ਤੇ ਸੈਨੀਟਾਈਜ਼ੇਸ਼ਨ, ਟੋਆਇਲਟ, ਪੀਣ ਵਾਲੇ ਸਾਫ਼ ਪਾਣੀ, ਬਿਜਲੀ, ਹੱਥ ਧੋਣ ਲਈ ਵਾਸਵੇਸ਼ਨ ਆਦਿ ਦੇ ਪ੍ਰਬੰਧਾਂ ਦਾ ਆਪਣੇ ਪੱਧਰ 'ਤੇ ਜਾਇਜ਼ਾ ਲੈ ਲਿਆ ਜਾਵੇ, ਤਾਂ ਜੋ ਮੰਡੀ ਅੰਦਰ ਆਉਣ ਵਾਲੇ ਕਿਸਾਨਾਂ ਨੂੰ ਕਿਸੇ ਵੀ ਦਰਪੇਸ਼ ਸਮੱਸਿਆ ਦਾ ਸਾਮ੍ਹਣਾ ਨਾ ਕਰਨਾ ਪਵੇ। ਉਨ੍ਹਾਂ ਦੱਸਿਆ ਕਿ ਕਿਸਾਨਾਂ ਨੂੰ ਮੰਡੀ ਵਿਚ ਕਣਕ ਦੀ ਜਿਣਸ ਨੂੰ ਲਿਆਉਣ ਲਈ ਆੜ੍ਹਤੀਆਂ ਰਾਹੀਂ ਪਾਸ ਜਾਰੀ ਕੀਤੇ ਜਾਣਗੇ। ਉਨ੍ਹਾਂ ਦੱਸਿਆ ਕਿ ਜਾਰੀ ਕੀਤੇ ਪਾਸ ਅਨੁਸਾਰ ਹੀ ਕਿਸਾਨਾਂ ਨੂੰ ਮੰਡੀਆਂ ਅੰਦਰ ਕਣਕ ਲਿਆਉਣ ਦੀ ਇਜਾਜਤ ਹੋਵੇਗੀ, ਮਿਆਦ ਲੰਘ ਚੁੱਕੇ ਪਾਸ ਨਾਲ ਕੋਈ ਵੀ ਕਿਸਾਨ ਮੰਡੀਆਂ ਅੰਦਰ ਕਣਕ ਨਹੀ ਲੈ ਕੇ ਆਵੇਗਾ। ਉਨ੍ਹਾਂ ਸਬੰਧਤ ਅਧਿਕਾਰੀਆਂ ਨੂੰ ਕਿਹਾ ਕਿ ਜਿਹੜੀਆਂ ਮੰਡੀਆਂ ਅੰਦਰ ਬੈਂਕਾਂ ਦੇ ਏ.ਟੀ.ਐਮ ਸਥਾਪਤ ਹਨ, ਉਨ੍ਹਾਂ ਨੂੰ ਵੀ ਸਨੀਟਾਈਜ਼ ਕੀਤਾ ਜਾਵੇ।

ਸ. ਸੰਧੂ ਨੇ ਕਿਸਾਨਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਕਣਕ ਦੀ ਖ਼ਰੀਦ ਦੌਰਾਨ ਆਪਸੀ ਦੂਰੀ ਨੂੰ ਯਕੀਨੀ ਬਣਾਇਆ ਜਾਵੇ ਤਾਂ ਜੋ ਅਸੀਂ ਇਸ ਭਿਆਨਕ ਬਿਮਾਰੀ ਨੂੰ ਹਰਾਉਣ 'ਚ ਸਫ਼ਲ ਹੋ ਸਕੀਏ। ਉਨ੍ਹਾਂ ਕਿਹਾ ਕਿ ਫ਼ਸਲ ਦੀ ਖਰੀਦ ਪ੍ਰਕਿਰਿਆਂ ਅਤੇ ਅਦਾਇਗੀ ਲਈ ਕਿਸਾਨਾਂ ਨੂੰ ਕੋਈ ਦਿੱਕਤ ਨਹੀ ਆਉਣ ਦਿੱਤੀ ਜਾਵੇਗੀ, ਜਿਸਦੇ ਲਈ ਸਬੰਧਤ ਅਧਿਕਾਰੀਆਂ ਨੂੰ ਸਪੱਸ਼ਟ ਨਿਰਦੇਸ਼ ਜਾਰੀ ਕੀਤੇ ਗਏ ਹਨ। ਉਨ੍ਹਾਂ ਕਿਹਾ ਕਿ ਕਣਕ ਦੇ ਸੀਜ਼ਨ ਦੌਰਾਨ ਕਿਸੇ ਕਿਸਮ ਦੀ ਸਮੱਸਿਆ ਸਬੰਧੀ ਜ਼ਿਲ੍ਹਾ ਪੱਧਰ 'ਤੇ ਸਥਾਪਤ ਕੰਟਰੋਲ ਰੂਮ ਨੰਬਰ 01638-260555 ਤੇ ਸੰਪਰਕ ਕੀਤਾ ਜਾ ਸਕਦਾ ਹੈ।

ਇਸ ਮੌਕੇ ਐਸ.ਐਸ.ਪੀ. ਹਰਜੀਤ ਸਿੰਘ, ਵਧੀਕ ਡਿਪਟੀ ਕਮਿਸ਼ਨਰ ਡਾ. ਆਰ.ਪੀ. ਸਿੰਘ, ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਨਵਲ ਰਾਮ, ਐਸ.ਡੀ.ਐਮ. ਫਾਜ਼ਿਲਕਾ ਸੁਭਾਸ਼ ਖੱਟਕ, ਐਸ.ਡੀ.ਐਮ. ਜਲਾਲਾਬਾਦ ਕੇਸ਼ਵ ਗੋਇਲ, ਸਹਾਇਕ ਕਮਿਸ਼ਨਰ ਪੂਨਮ ਸਿੰਘ, ਤਹਿਸੀਲਦਾਰ ਕਮ ਵਾਧੂ ਚਾਰਜ਼ ਐਸ.ਡੀ.ਐਮ. ਅਬੋਹਰ ਜੇ.ਐਸ. ਬਰਾੜ, ਜ਼ਿਲ੍ਹਾ ਮੰਡੀ ਅਫ਼ਸਰ ਸਵਰਨ ਸਿੰਘ, ਖੇਤੀਬਾੜੀ ਅਫ਼ਸਰ ਮਨਜੀਤ ਸਿੰਘ, ਤਹਿਸੀਲਦਾਰ ਜਲਾਲਾਬਾਦ ਆਰ.ਪੀ.ਪਾਂਡੇ ਸਮੇਤ ਖਰੀਦ ਏਜੰਸੀਆਂ ਦੇ ਚੋਣਵੇਂ ਅਧਿਕਾਰੀ ਹਾਜਰ ਸਨ।

**ਪ੍ਰੈਸ ਨੋਟ ਨੰਬਰ-F**

A/AH@@D/B@B@

**ਸੂਚਨਾ ਤੇ ਜ਼ਿਲ੍ਹਾ ਲਕ ਸੰਪਰਕ ਦਫਤਰ, ਫਾਜ਼ਿਲਕਾ**

**ਕੋਵਿਡ 19**

**ਫਾਜ਼ਿਲਕਾ ਜ਼ਿਲੇ ਦੇ F ਹਰ ਨਮੂਨਿਆਂ ਦੀ ਰਿਪੋਟ ਆਾਈ ਨੈਗਟਿਵ -ਡਿਪਟੀ ਕਮਿਸਨਰ**

***ਹੁਣ ਤੱਕ 24 ਸੈਂਪਲ ਜਾਂਚ ਲਈ ਭੇਜੇ, ਸਾਰਿਆਂ ਦੀ ਰਿਪੋਰਟ ਨੈਗਟਿਵ ਆਈ**

**ਫਾਜ਼ਿਲਕਾ, 12 ਅਪ੍ਰੈਲ**

ਫਾਜ਼ਿਲਕਾ ਜ਼ਿਲੇ ਦੇ F ਹਰ ਨਮੂਨਿਆਂ ਦੀ ਜਾਂਚ ਰਿਪੋਟ ਸ਼ਨੀਵਾਰ ਦੇਰ ਸਾਮ ਨੂੰ ਨੈਗਟਿਵ ਪ੍ਰਾਪਤ ਹਈ ਹ। ਇਸ ਨਾਲ ਹੁਣ ਤੱਕ ਜ਼ਿਲੇ ਦੀਆਂ ਕੱਲ 24 ਨੈਗਟਿਵ ਰਿਪੋਰਟਾਂ ਪ੍ਰਾਪਤ ਹ ਚੁੱਕੀਆਂ ਹਨ। ਇਹ ਜਾਣਕਾਰੀ ਜ਼ਿਲੇ ਦੇ ਡਿਪਟੀ ਕਮਿਸ਼ਨਰ ਸ੍ਰੀ ਅਰਵਿਦ ਪਾਲ ਸਿੰਘ ਸੰਧੂ ਨ ਦਿੱਤੀ। ਉਨਾਂ ਨ ਦੱਸਿਆ ਕਿ ਬੀਤੀ ਸ਼ਾਮ ਤੱਕ 24 ਸੈਂਪਲ ਜਾਂਚ ਲਈ ਭਜ ਗਏ ਸਨ ਜਿੰਨਾਂ ਸਾਰੀਆਂ ਦੀ ਰਿਪੋਰਟ ਨੈਗਟਿਵ ਆ ਗਈ ਹ। ਜਦ ਕਿ ਕੋਈ ਹਰ ਨਮੂਨਾ ਅੱਜ ਜਾਂਚ ਲਈ ਨਹੀ ਭਜਿਆ ਗਿਆ।

ਇਸ ਮੌਕ ਡਿਪਟੀ ਕਮਿਸ਼ਨਰ ਨ ਜ਼ਿਲਾ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਕਰਫਿਓ ਦਾ ਸਖਤੀ ਨਾਲ ਪਾਲਣ ਕਰਨ ਤਾਂ ਜੋ ਕਰੋਨਾ ਵਾਇਰਸ ਦਾ ਪਸਾਰ ਰੋਕਿਆ ਜਾ ਸਕ। ਉਨਾਂ ਨ ਕਿਹਾ ਕਿ ਸਾਡ ਸਭ ਦੇ ਯਤਨਾਂ ਨਾਲ ਹੀ ਇਸ ਬਿਮਾਰੀ ਨੂੰ ਫੈਲਣ ਤੋਂ ਰੋਕਿਆ ਜਾ ਸਕਗਾ।

**ਪ੍ਰੈਸ ਨੋਟ ਨੰਬਰ 7**

A/AH@BH/B@B@

ਸੂਚਨਾ ਤੇ ਜ਼ਿਲ੍ਹਾ ਲਕ ਸੰਪਰਕ ਦਫਤਰ, ਫਾਜ਼ਿਲਕਾ

ਕੋਵਿਡ A|

# ਲੋਕ ਘਰਾਂ ਵਿੱਚ ਰਹਿਣ ਅਤੇ ਪੰਜਾਬ ਸਰਕਾਰ ਵੱਲੋਂ ਜਾਰੀ ਹਦਾਇਤਾਂ ਦਾ ਪਾਲਣ ਕਰਨ-ਜ਼ਿਲ੍ਹਾ ਪੁਲਿਸ ਮੁਖੀ

## *ਕੋਵਿਡ-19 ਤਹਿਤ ਲੱਗੇ ਕਰਫਿਊ ਦੌਰਾਨ ਲੋਕਾਂ ਹਿੱਤਾਂ ਲਈ ਫਲੈਗ ਮਾਰਚ ਕੱਢਿਆ

**ਫਾਜ਼ਿਲਕਾ**, AB **ਅਪ੍ਰੈਲ**

ਕਰੋਨਾ ਵਾਇਰਸ ਨੂੰ ਲੈ ਕੇ ਪੈਦਾ ਹੋਈ ਸਥਿਤੀ ਦੇ ਮੱਦੇਨਜ਼ਰ ਜ਼ਿਲ੍ਹੇ ਵਿੱਚ ਸ਼ੁਰੂ ਹੋਏ ਮਕੰਮਲ ਕਰਫਿਊ ਦੌਰਾਨ ਲੋਕਾਂ ਨੂੰ ਘਰਾਂ ਵਿੱਚ ਹੀ ਰਹਿਣ ਦਾ ਆਹਵਾਨ ਕਰਨ ਲਈ ਡੀ.ਐਸ.ਪੀ. ਜਗਦੀਸ਼ ਕੁਮਾਰ ਦੀ ਅਗਵਾਈ ਹੇਠ ਮਹਿਲਾ ਪੁਲਿਸ ਸਮੇਤ ਪੰਜਾਬ ਪੁਲਿਸ ਦੀਆਂ ਟੁਕੜੀਆਂ ਵੱਲੋਂ ਫਲੈਗ ਮਾਰਚ ਕੱਢਿਆ ਗਿਆ।

ਇਸ ਸਬੰਧੀ ਹੋਰ ਵਧੇਰੇ ਜਾਣਕਾਰੀ ਦਿੰਦਿਆਂ ਐਸ.ਐਸ.ਪੀ ਹਰਜੀਤ ਸਿੰਘ ਨੇ ਦੱਸਿਆ ਕਿ ਇਹ ਫਲੈਗ ਮਾਰਚ ਥਾਣਾ ਸਿਟੀ ਫਾਜ਼ਿਲਕਾ ਤੋਂ ਸ਼ੁਰੂ ਹੋ ਕੇ ਗਊਸ਼ਾਲਾ ਰੋਡ, ਵਾਲਮੀਕਿ ਚੌਂਕ, ਗਾਂਧੀ ਚੌਂਕ, ਬਾਦਲ ਕਲੋਨੀ, ਟਰੱਕ ਯੂਨੀਅਨ, ਬਾਰਡਰ ਰੋਡ, ਐਮ.ਆਰ. ਕਾਲਜ ਰੋਡ, ਘੰਟਾ ਘਰ, ਨਵੀ ਅਬਾਦੀ, ਚੱਕਸੂ ਠੁਕਰਾਲ ਚੌਂਕ, ਅੰਡਰਬ੍ਰਿਜ ਤੋਂ ਹੁੰਦਾ ਹੋਇਆ ਸ਼ਹਿਰ ਦੇ ਵੱਖ ਵੱਖ ਹਿੱਸਿਆ ਤੋਂ ਗੁਜ਼ਰਿਆ।

ਉਨ੍ਹਾਂ ਦੱਸਿਆ ਕਿ ਕੋਵਿਡ-19 ਦੇ ਮੱਦੇਨਜ਼ਰ ਜ਼ਿਲ੍ਹਾ ਮੈਜਿਸਟ੍ਰੇਟ ਸ .ਅਰਵਿੰਦ ਪਾਲ ਸਿੰਘ ਸੰਧੂ ਵੱਲੋਂ ਲੋਕ ਹਿੱਤਾਂ ਨੂੰ ਮੁੱਖ ਰੱਖਦਿਆਂ ਜ਼ਿਲ੍ਹਾ ਫਾਜਿਲਕਾ ਅੰਦਰ ਤਾਲਾਬੰਦੀ/ਕਰਫਿਊ ਲਾਗੂ ਕੀਤਾ ਗਿਆ ਹੈ, ਤਾਂ ਜੋ ਲੋਕਾਂ ਨੂੰ ਕੋਰੋਨਾ ਵਾਇਰਸ ਦੀ ਨਾਮੁਰਾਦ ਬਿਮਾਰੀ ਤੋਂ ਸੁਰੱਖਿਅਤ ਰਖਿਆ ਜਾ ਸਕੇ। ਉਨ੍ਹਾਂ ਦੱਸਿਆ ਕਿ ਫਲੈਗ ਮਾਰਚ ਦਾ ਮੰਤਵ ਅਮਨ ਸਾਂਤੀ ਅਤੇ ਪੰਜਾਬ ਸਰਕਾਰ ਦੀਆਂ ਹਦਾਇਤਾਂ ਨੂੰ ਇੰਨ-ਬਿੰਨ ਲਾਗੂ ਕਰਵਾਉਣਾ ਹੈ। ਉਨ੍ਹਾਂ ਕਿਹਾ ਕਿ ਕਰਫਿਊ ਦੀ ਉਲੰਘਣਾ ਕਰਨ ਵਾਲੇ ਅਤੇ ਸਮਾਜ ਵਿਰੋਧੀ ਭੈੜੇ ਅਨਸਰਾਂ ਨੂੰ ਕਿਸੇ ਕੀਮਤ ਤੇ ਬਖਸ਼ਿਆ ਨਹੀ ਜਾਵੇਗਾ।

ਤਸਵੀਰਾਂ 1 ਤੋਂ 2